# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :27-08-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਸਰਕਾਰ 21ਵੀਂ ਸਦੀ ਦੇ ਭਾਰਤ ਲਈ ਇੱਕ ਆਧੁਨਿਕ ਖੇਡ ਪ੍ਰਣਾਲੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਏ । ਉਨ੍ਹਾਂ ਕਿਹਾ ਕਿ ਖੇਡ ਯੂਨੀਵਰਸਿਟੀਆਂ ਤੋਂ ਲੈ ਕੇ ਆਧੁਨਿਕ ਸਿਖਲਾਈ ਕੇਂਦਰਾਂ ਤੱਕ, ਦੇਸ਼ ਭਰ ਵਿੱਚ ਇੱਕ ਖੇਡ ਵਾਤਾਵਰਣ ਪ੍ਰਣਾਲੀ ਵਿਕਸਤ ਕੀਤੀ ਜਾ ਰਹੀ ਏ ਜੋ ਹਰ ਪੱਧਰ 'ਤੇ ਖਿਡਾਰੀਆਂ ਦੀ ਪ੍ਰਤਿਭਾ ਦਾ ਸਮਰਥਨ ਕਰਦੀ ਏ । ਅੱਜ ਵੀਡੀਓ ਕਾਨਫਰੰਸ ਰਾਹੀਂ ਖੇਲੋ ਇੰਡੀਆ ਸੰਵਾਦ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਖੇਡਾਂ ਸਿਰਫ ਤਮਗੇ ਜਿੱਤਣ ਤੱਕ ਸੀਮਤ ਨਹੀਂ ਨੇ ਇਹ ਇੱਕ ਵਿਕਸਤ ਭਾਰਤ ਦੇ ਨਿਰਮਾਣ ਵਿੱਚ ਦੇਸ਼ ਦੀ ਖੇਡ ਪ੍ਰਤਿਭਾ ਅਤੇ ਯੁਵਾ ਸ਼ਕਤੀ ਨੂੰ ਜੋੜਨ ਦੀ ਮੁਹਿੰਮ ਏ । BYTE:RNu270826 ਇਸ ਮੌਕੇ 'ਤੇ ਯੁਵਾ ਮਾਮਲੇ ਅਤੇ ਖੇਡ ਮੰਤਰੀ ਮਨਸੁਖ ਮਾਂਡਵੀਆ ਨੇ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਹੇਠ ਖੇਡਾਂ ਇੱਕ ਰਾਸ਼ਟਰੀ ਤਰਜੀਹ ਅਤੇ ਯੁਵਾ ਸਸ਼ਕਤੀਕਰਨ ਲਈ ਇੱਕ ਮਹੱਤਵਪੂਰਨ ਮਾਧਿਅਮ ਬਣ ਗਈਆਂ ਨੇ । ਇਹ ਸਮਾਗਮ ਮੇਰਾ ਯੁਵਾ ਭਾਰਤ-ਮਾਈ

ਭਾਰਤ ਵਲੋਂ ਰਾਸ਼ਟਰੀ ਖੇਡ ਦਿਵਸ 2026 ਦੇ ਹਿੱਸੇ ਵਜੋਂ ਆਯੋਜਿਤ ਕੀਤਾ ਗਿਆ ਸੀ।

---

ਰਾਸ਼ਟਰੀ ਖੇਡ ਦਿਵਸ 2026 ਦੇ ਜਸ਼ਨਾਂ ਦੇ ਹਿੱਸੇ ਵਜੋਂ, ਪੰਜਾਬ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ 51 ਵਿਦਿਅਕ ਸੰਸਥਾਵਾਂ ਦੇ ਹਜ਼ਾਰਾਂ ਵਿਦਿਆਰਥੀਆਂ ਅਤੇ ਐਨ.ਐਸ.ਐਸ ਵਲੰਟੀਅਰਾਂ ਨੇ ਅੱਜ ਰਾਸ਼ਟਰੀ ਵੀਡੀਓ ਪ੍ਰੋਗਰਾਮ 'ਖੇਲੋ ਇੰਡੀਆ ਸੰਵਾਦ - ਖੇਲ ਕੀ ਬਾਤ-ਪੀ.ਐਮ ਕੇ ਸਾਥ' ਵਿੱਚ ਹਿੱਸਾ ਲਿਆ, ਅਤੇ ਪ੍ਰਧਾਨ ਮੰਤਰੀ  ਨਰੇਂਦਰ ਨਰੇਂਦਰ ਮੋਦੀ ਦਾ ਭਾਸ਼ਣ ਸੁਣਿਆ। ਮਾਈ ਭਾਰਤ ਪੰਜਾਬ ਦੀ ਸਟੇਟ ਡਾਇਰੈਕਟਰ, ਰਸ਼ਮੀਤ ਕੌਰ ਨੇ ਕਿਹਾ ਕਿ ਕੇਂਦਰੀ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ 'ਮੇਰਾ ਯੁਵਾ ਭਾਰਤ (ਮਾਈ  ਭਾਰਤ) ਵਲੋਂ ਆਯੋਜਿਤ ਇਸ ਪ੍ਰੋਗਰਾਮ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ, ਤੰਦਰੁਸਤੀ ਅਤੇ ਨੌਜਵਾਨਾਂ ਦੀ ਅਗਵਾਈ ਵਾਲੇ ਵਿਕਾਸ ਭਾਰਤ ਦੇ ਰਾਸ਼ਟਰੀ ਦ੍ਰਿਸ਼ਟੀਕੋਣ ਨਾਲ ਜੋੜਨਾ ਸੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੇ ਪ੍ਰਧਾਨ ਮੰਤਰੀ ਦੀ ਗੱਲ ਧੀਰਜ ਨਾਲ ਸੁਣੀ ਅਤੇ ਪ੍ਰੇਰਿਤ ਹੋਏ। ਜਲੰਧਰ ਸਥਿਤ DAV ਯੂਨਿਵਰਸਿਟੀ ਤੋਂ ਭਾਰਤੀ ਟੇਬਲ ਟੈਨਿਸ ਖਿਡਾਰਨ ਮਨਿਕਾ ਬੱਤਰਾ ਨੇ ਕਿਹਾ ਕਿ ਪ੍ਰਧਾਨ ਮੰਤਰੀ ਦੇ ਸੰਦੇਸ਼ ਹਮੇਸ਼ਾ ਨੌਜਵਾਨਾਂ ਨੂੰ ਵਿਕਾਸ ਭਾਰਤ ਬਣਾਉਣ ਲਈ ਸਮਰਪਿਤ ਹੋ ਕੇ ਕੰਮ ਕਰਨ ਲਈ ਪ੍ਰੇਰਿਤ ਕਰਦੇ ਨੇ ।

BYTE:RNU270826

ਪ੍ਰਸਿੱਧ ਕ੍ਰਿਕਟਰ ਖਿਡਾਰੀ ਅਤੇ ਮੈਂਬਰ ਪਾਰਲੀਮੈਂਟ, ਹਰਭਜਨ ਸਿੰਘ

ਅਤੇ ਹੋਰ ਖਿਡਾਰੀਆਂ ਨੇ ਪ੍ਰੋਗਰਾਮ ਵਿੱਚ ਹਿੱਸਾ ਲਿਆ ਅਤੇ ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਮਾਨਸਿਕ ਅਤੇ ਸਰੀਰਕ ਤੰਦਰੁਸਤੀ ਲਈ ਖੇਡਾਂ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ।

----------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ 'ਚ ਹੜਤਾਲ ਕਰ ਰਹੇ ਮੁਲਾਜ਼ਮਾਂ ਨੂੰ ਸਪੱਸ਼ਟ ਕੀਤਾ ਏ ਕਿ ਉਨ੍ਹਾਂ ਦੇ ਮਸਲਿਆਂ 'ਤੇ ਗੱਲਬਾਤ ਉਦੋਂ ਹੀ ਹੋਵੇਗੀ ਜਦੋਂ ਉਹ ਹੜਤਾਲ ਖਤਮ ਕਰਨਗੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਮੁੱਖ ਮੰਤਰੀ ਨੇ ਕਿਹਾ ਕਿ ਮੁਲਾਜ਼ਮ ਸਾਡੇ ਪਰਿਵਾਰ ਦਾ ਇੱਕ ਮਹੱਤਵਪੂਰਨ ਹਿੱਸਾ ਨੇ ਅਤੇ ਸਰਕਾਰ ਉਨ੍ਹਾਂ ਦੀ ਹਰ ਜਾਇਜ਼ ਗੱਲ ਸੁਣਨ ਲਈ ਤਿਆਰ ਏ । ਉਨ੍ਹਾਂ ਕਿਹਾ ਕਿ ਸਰਕਾਰ ਹਰ ਮੁੱਦੇ ਦਾ ਹੱਲ ਲੱਭਣ ਲਈ ਵਚਨਬੱਧ ਏ ਪਰ ਗੱਲਬਾਤ ਅਤੇ ਹੜਤਾਲ ਇਕੱਠੇ ਨਹੀਂ ਚੱਲ ਸਕਦੀਆਂ। ਇਸ ਤੋਂ ਪਹਿਲਾਂ, ਖਬਰਾਂ ਮੁਤਾਬਿਕ ਸ੍ਰੀ ਮਾਨ ਨੇ ਅੱਜ ਜਲੰਧਰ ਵਿਖੇ ਮੁਲਾਜ਼ਮ ਜਥੇਬੰਦੀ ਦੇ ਆਗੂਆਂ ਨਾਲ ਮਿਲਣਾ ਸੀ ਪਰ ਉਨ੍ਹਾਂ ਦੀ ਟਿੱਪਣੀ ਨੇ ਸਥਿਤੀ ਸਪੱਸ਼ਟ ਕਰ ਦਿੱਤੀ ਏ । ਪੰਜਾਬ ਸਰਕਾਰ ਦੇ ਲੱਖਾਂ ਕਰਮਚਾਰੀ ਅੱਜ ਮਹਿੰਗਾਈ ਭੱਤੇ-DA ਸਮੇਤ ਆਪਣੀਆਂ ਲੰਬੇ ਸਮੇਂ ਤੋਂ ਬਕਾਇਆ ਮੰਗਾਂ ਲਈ ਦਬਾਅ ਪਾਉਣ ਲਈ 'ਮਹਾਂ ਹੜਤਾਲ' ਕਰ ਰਹੇ ਨੇ । ਇਸ ਬਾਰੇ ਮੁਲਾਜ਼ਮ ਜਥੇਬੰਦੀਆਂ ਦਾ ਕਹਿਣਾ ਏ ਕਿ ਜਨਵਰੀ 2023 ਤੋਂ ਉਨ੍ਹਾਂ ਨੂੰ ਅਦਾਇਗੀ ਨਹੀਂ ਕੀਤੀ ਗਈ ਏ । ਮੁਲਾਜ਼ਮਾਂ ਵਿੱਚ

ਸਰਕਾਰੀ ਡਾਕਟਰ, ਸੂਬੇ ਭਰ ਦੇ ਡਿਪਟੀ ਕਮਿਸ਼ਨਰ ਦਫ਼ਤਰਾਂ ਵਿੱਚ ਤਾਇਨਾਤ ਪੰਜਾਬ ਰਾਜ ਮੰਤਰੀ ਸੇਵਾਵਾਂ ਅਤੇ ਸਰਕਾਰੀ ਅਧਿਆਪਕ ਸ਼ਾਮਲ ਨੇ। ਹਾਲਾਂਕਿ, ਆਮ ਜਨਜੀਵਨ ਵਿੱਚ ਕੋਈ ਵਿਘਨ ਨਹੀਂ ਪਿਆ ਏ ਕਿਉਂਕਿ ਮੁਲਾਜ਼ਮਾਂ ਨੇ ਸੜਕਾਂ ਨਹੀਂ ਰੋਕੀਆਂ ਅਤੇ ਨਿੱਜੀ ਕਾਰੋਬਾਰ ਵੀ ਆਮ ਵਾਂਗ ਚੱਲ ਰਹੇ ਨੇ ।

---------------------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਆਉਣ ਵਾਲੀਆਂ ਪੀੜ੍ਹੀਆਂ ਲਈ ਵਾਤਾਵਰਣ ਨੂੰ ਸੰਭਾਲ ਕੇ ਰੱਖਣ ਹਿੱਤ ਪੰਜਾਬੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ ਏ । ਵਧ ਰਹੀ ਆਲਮੀ ਤਪਸ਼ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਸ੍ਰੀ ਸੰਧਵਾਂ ਨੇ ਚੇਤਾਵਨੀ ਦਿੱਤੀ ਕਿ ਗਲੋਬਲ ਵਾਰਮਿੰਗ ਧਰਤੀ 'ਤੇ ਮਨੁੱਖੀ ਹੋਂਦ ਅਤੇ ਸਾਰੇ ਜੀਵ-ਜੰਤੂਆਂ ਲਈ ਇੱਕ ਗੰਭੀਰ ਖ਼ਤਰਾ ਬਣ ਰਹੀ ਏ । ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਹੁਣ ਸਮਾਂ ਆ ਗਿਆ ਏ ਕਿ ਹਰ ਵਿਅਕਤੀ ਆਪਣੀ ਜ਼ਿੰਮੇਵਾਰੀ ਸਮਝੇ ਅਤੇ ਜਲਵਾਯੂ ਤਬਦੀਲੀ ਦਾ ਪ੍ਰਭਾਵਸ਼ਾਲੀ ਢੰਗ ਨਾਲ ਟਾਕਰਾ ਕਰਨ ਲਈ ਘੱਟੋ-ਘੱਟ ਇੱਕ ਬੂਟਾ ਜ਼ਰੂਰ ਲਾਵੇ।

---------------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕੱਲ ਵਿਧਾਨ ਸਭਾ ਹਲਕਾ ਨਕੋਦਰ ਵਿਖੇ ਸਾਢੇ 5 ਕਰੋੜ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਸਿੰਚਾਈ ਸਬੰਧੀ ਕਾਰਜਾਂ ਦਾ ਉਦਘਾਟਨ ਕੀਤਾ ।

ਕੈਬਨਿਟ ਮੰਤਰੀ ਨੇ ਪਿੰਡ ਮਵਈ ਵਿਖੇ ਇਸਦਾ ਉਦਘਾਟਨ ਕਰਦਿਆਂ ਦੱਸਿਆ ਕਿ ਵਿਧਾਨ ਸਭਾ ਹਲਕਾ ਨਕੋਦਰ ਵਿੱਚ ਬਿਸਤ-ਦੁਆਬ ਨਹਿਰੀ ਸਿਸਟਮ ਅਧੀਨ 3 ਕਰੋੜ 76 ਲਖ ਰੁਪਏ ਦੀ ਲਾਗਤ ਨਾਲ ਪੱਕੇ ਖਾਲੇ ਦਾ ਕੰਮ ਮੁਕੰਮਲ ਕੀਤਾ ਗਿਆ ਏ ।

---------------------------------------------------------------------

ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਦੀ ਮਸ਼ਾਲ ਦਾ ਕੱਲ  ਗੁਰਦਾਸਪੁਰ ਜ਼ਿਲ੍ਹੇ ਵਿੱਚ ਪਹੁੰਚਣ 'ਤੇ ਸਵਾਗਤ ਕੀਤਾ ਗਿਆ ਪਠਾਨਕੋਟ ਤੋਂ ਮਸ਼ਾਲ ਲੈ ਕੇ ਪਹੁੰਚੇ ਖਿਡਾਰੀਆਂ ਦਾ ਗੁਰਦਾਸਪੁਰ ਵਿਖੇ ਹਲਕਾ ਇੰਚਾਰਜ ਰਮਨ ਬਹਿਲ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਮਸ਼ਾਲ 28 ਅਗਸਤ ਨੂੰ ਸ੍ਰੀ ਅੰਮ੍ਰਿਤਸਰ ਜ਼ਿਲ੍ਹੇ ਨੂੰ ਰਵਾਨਾ ਕੀਤੀ ਜਾਵੇਗੀ। ਸਮਾਗਮ ਦੌਰਾਨ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਹਾਜ਼ਰ ਲੋਕਾਂ ਨੇ ਖਿਡਾਰੀਆਂ ਦਾ ਹੌਸਲਾ ਵਧਾਇਆ। ਜਿਮਨੇਜੀਅਮ ਹਾਲ ਗੁਰਦਾਸਪੁਰ ਦੇ ਕੰਪਲੈਕਸ ਵਿੱਚ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਰਮਨ ਬਹਿਲ ਨੇ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਪੰਜਾਬ ਦੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਪਹਿਲਕਦਮੀ ਏ ।